ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਕੁਪਰਥਲਾ

ਪ੍ਰੈਸ ਨੋਟ

ਵਿਧਾਨ ਸਭਾ ਚੋਣਾਂ 2022

ਕਪੂਰਥਲਾ,11 ਜਨਵਰੀ

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨੇ ਕਿਹਾ ਹੈ ਕਿ ਵਿਧਾਨ ਸਭਾ ਚੋਣਾਂ 2022 ਦੇ ਮੱਦੇਨਜ਼ਰ ਆਦਰਸ਼ ਚੋਣ ਜਾਬਤਾ ਲਾਗੂ ਹੋਣ ਤੋਂ ਬਾਅਦ ਕੋਈ ਵੀ ਰਾਜਨੀਤਕ ਪਾਰਟੀ, ਉਮੀਦਵਾਰ ਜਾਂ ਉਸਦੇ ਵਰਕਰ ਨੂੰ ਕਿਸੇ ਵਿਅਕਤੀ ਦੀ ਆਗਿਆ ਤੋਂ ਬਿਨ੍ਹਾਂ ਉਸਦੀ ਜ਼ਮੀਨ,ਇਮਾਰਤ ਜਾਂ ਕੰਧ ਉੱਤੇ ਝੰਡੇ,ਬੈਨਰ,ਨੋਟਿਸ ਚਿਪਕਾਉਣ,ਨਾਅਰੇ ਆਦਿ ਲਿਖਣ ਦੀ ਅਗਿਆ ਨਹੀਂ ਹੋਵੇਗੀ।

ਉਨ੍ਹਾਂ ਕਿਹਾ ਕਿ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ 48 ਘੰਟੇ ਦੀ ਵਿਚ-ਵਿਚ ਵੱਡੇ ਪੱਧਰ ਤੇ ਸਿਆਸੀ ਇਸ਼ਤਿਹਾਰਾਂ ਵਾਲੇ ਹੋਰਡਿੰਗਾਂ,ਬੈਨਰਾਂ ਆਦਿ ਨੂੰ ਉਤਾਰਿਆ ਗਿਆ ਹੈ।

ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਸਮੂਹ ਸਹਾਇਕ ਰਿਟਰਨਿੰਗ ਅਫ਼ਸਰ,ਵਿਭਾਗਾਂ ਦੇ ਮੁਖੀ ਆਪਣੇ ਵਿਭਾਗਾਂ ਨਾਲ ਸਬੰਧਿਤ ਸਾਰੀਆਂ ਇਮਾਰਤਾਂ ਜਿਹੜੀਆਂ ਕਿ ਕਿਸੇ ਵੀ ਰਾਜਨੀਤਕ ਪਾਰਟੀ ਵਲੋਂ ਇਸ਼ਤਿਹਾਰ ਬਾਜ਼ੀ ਰਾਹੀਂ ਡੀਫੇਸਮੈਂਟ ਕੀਤੀਆਂ ਗਈਆਂ ਹੋਣ , ਉਨ੍ਹਾਂ ਉੱਪਰੋਂ ਰਾਜਨੀਤਕ ਪ੍ਰਚਾਰ ਹਟਾਉਣ ਸਬੰਧੀ ਜ਼ਿੰਮੇਵਾਰ ਹਨ।

ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਕਿਸੇ ਵੀ ਰਾਜਸੀ ਪਾਰਟੀ ਜਾਂ ਉਮੀਦਵਾਰ ਵਲੋਂ ਚੋਣਾਂ ਦੇ ਪ੍ਰਚਾਰ ਲਈ ਕਿਸੇ ਵੀ ਤਰ੍ਹਾਂ ਦੇ ਧਾਰਮਿਕ ਸਥਾਨ ਦੀ ਵਰਤੋਂ ਨਹੀਂ ਕੀਤੀ ਜਾ ਸਕਦੀ।

ਇਸ ਤੋਂ ਇਲਾਵਾ ਕਿਸੇ ਵੀ ਉਮੀਦਵਾਰ ਨੂੰ ਸਰਕਾਰੀ ਰੈੱਸਟ ਹਾਊਸ,ਡਾਕ ਬੰਗਲਾ ਅਤੇ ਸਰਕਾਰੀ ਨਿਵਾਸ ਤੋਂ ਆਪਣਾ ਚੋਣ ਪ੍ਰਚਾਰ ਦਫ਼ਤਰ ਜਾਂ ਚੋਣ ਪ੍ਰਚਾਰ ਦਾ ਪ੍ਰੋਪੇਗੰਡਾ ਕਰਨ ਲਈ ਪਬਲਿਕ ਮੀਟਿੰਗ ਕਰਨ ਦੀ ਪ੍ਰਵਾਨਗੀ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਵਿਰੁੱਧ ਡੀਫੇਸਮੈਂਟ ਆਫ ਪ੍ਰਾਪਰਟੀ ਐਕਟ ਤਹਿਤ ਕਾਰਵਾਈ ਕੀਤੀ ਜਾਵੇਗੀ।